2020 97643
16/7/2020

ਸਹਾਇਕ ਡਾਇਰੈਕਟਰ
ਮ-3
15/7

**ਪੰਜਾਬ ਸਰਕਾਰ**
**ਸਕੂਲ ਸਿੱਖਿਆ ਵਿਭਾਗ**

ਵੱਲ,

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ, ਐ.ਸਿ),
ਪੰਜਾਬ।

ਮੀਮੋ ਨੰ:14/17-2020 ਸੋ-1(4) 2020163803
ਮਿਤੀ: 15/7/20

ਵਿਸ਼ਾ:- ਸਿੱਖਿਆ ਵਿਭਾਗ ਦੇ ਕਰਮਚਾਰੀਆਂ ਨੂੰ ਦੂਜੇ ਵਿਭਾਗਾਂ ਵਿੱਚ ਵਿਗਿਆਪਤ ਹੋਈਆਂ ਅਸਾਮੀਆਂ ਵਿਰੁੱਧ ਇਤਰਾਜ਼-ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਇਹ ਧਿਆਨ ਵਿੱਚ ਆਇਆ ਹੈ ਕਿ ਜਦੋਂ ਪੰਜਾਬ ਲੋਕ ਸੇਵਾ ਕਮਿਸ਼ਨ, ਅਧੀਨ ਸੇਵਾਵਾਂ ਚੋਣ ਬੋਰਡ ਜਾਂ ਰਾਜ ਦੇ ਦੂਜੇ ਵਿਭਾਗਾਂ ਵੱਲੋਂ ਖਾਲੀ ਅਸਾਮੀਆਂ ਭਰਨ ਲਈ ਇਸ਼ਤਿਹਾਰ ਪ੍ਰਕਾਸ਼ਿਤ ਕਰਵਾਇਆ ਜਾਂਦਾ ਹੈ ਤਾਂ ਅਪਲਾਈ ਕਰਨ ਵਾਲੇ ਕਰਮਚਾਰੀਆਂ ਦਾ ਕੇਸ ਜ਼ਿਲ੍ਹਾ ਸਿੱਖਿਆ ਅਫਸਰਾਂ ਵੱਲੋਂ ਡੀ.ਪੀ.ਆਈ (ਸੈ.ਸਿ) ਦੇ ਦਫਤਰ ਨੂੰ ਇਤਰਾਜ਼-ਹੀਣਤਾ ਸਰਟੀਫਿਕੇਟ ਜਾਰੀ ਕਰਨ ਲਈ ਭੇਜੇ ਜਾਂਦੇ ਹਨ। ਅਪਲਾਈ ਕਰਨ ਵਾਲੇ ਕਰਮਚਾਰੀਆਂ ਵਿਚੋਂ ਬਹੁਤ ਘੱਟ ਉਮੀਦਵਾਰ ਪ੍ਰਕਾਸ਼ਿਤ ਕਰਵਾਈਆਂ ਗਈਆਂ ਅਸਾਮੀਆਂ ਲਈ ਚੁਣੇ ਜਾਂਦੇ ਹਨ ਅਤੇ ਇਸ ਤਰ੍ਹਾਂ ਨਾਲ ਵਿਭਾਗੀ ਪੱਧਰ ਤੇ ਅਜਿਹੇ ਕੇਸਾਂ ਨੂੰ ਡੀਲ ਕਰਨ ਵਿੱਚ ਕੰਮ ਦਾ ਭਾਰ ਵਧਿਆ ਹੋਇਆ ਹੈ। ਇਸ ਵਿੱਧੀ ਨੂੰ ਸਰਲ ਕਰਨ ਦੇ ਮੰਤਵ ਲਈ ਇਹ ਫੈਸਲਾ ਕੀਤਾ ਗਿਆ ਹੈ ਕਿ ਸਿੱਖਿਆ ਵਿਭਾਗ ਵਿੱਚ ਕੰਮ ਕਰ ਰਹੇ ਕਰਮਚਾਰੀ ਜਦੋਂ ਵੀ ਪ੍ਰਕਾਸ਼ਿਤ ਕਰਵਾਈਆਂ ਅਸਾਮੀਆਂ ਵਿਰੁੱਧ ਅਪਲਾਈ ਕਰੇਗਾ, ਉਸ ਨੂੰ ਵਿਭਾਗ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ (Deemed NOC) ਦਿੱਤਾ ਗਿਆ ਸਮਝਿਆ ਜਾਵੇਗਾ ਅਤੇ ਉਹ ਕਿਸੇ ਅਸਾਮੀ ਲਈ ਅਪਲਾਈ ਕਰਨ ਲਈ ਕੇਵਲ ਸੂਚਨਾ ਆਪਣੇ ਡੀ.ਡੀ.ਓ ਨੂੰ ਉਪਲੱਬਧ ਕਰਵਾਏਗਾ। ਕਿਸੇ ਕਰਮਚਾਰੀ ਦੇ ਕੇਵਲ ਚੁਣੇ ਜਾਣ ਦੀ ਸੂਰਤ ਵਿੱਚ ਹੀ ਉਸਨੂੰ ਇਤਰਾਜ਼ਹੀਣਤਾ ਸਰਟੀਫਿਕੇਟ ਦੇਣ ਦਾ ਕੇਸ ਨਿਯੁਕਤੀ ਅਧਿਕਾਰੀ ਨੂੰ ਭੇਜਿਆ ਜਾਵੇਗਾ।

2. ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਕੱਤਰ ਸਕੂਲ ਸਿੱਖਿਆ

ਪਿੱਠ ਅੰਕਣ ਨੰ:ਉਕਤ ਮਿਤੀ: 15/7/20

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਡੀ.ਪੀ.ਆਈ (ਸੈਂਸਿ/ਐਸਿ) ਪੰਜਾਬ, ਐਸ.ਏ.ਐਸ ਨਗਰ।
2. ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ, ਐਸ.ਏ.ਐਸ ਨਗਰ।
3. ਸਮੂਹ ਸ਼ਾਖਾਵਾਂ ਦੇ ਮੁੱਖੀ/ਅਧਿਕਾਰੀ।

2232 ਜ਼ਿਲ੍ਹਾ ਸਿੱਖਿਆ ਅਫਸਰ (ਸ) ਮਾਨਸਾ

ਪਿੱਠ ਅੰਕਣ ਨੰ: ਮ-3/1 ( ) 2020164534 ਮਿਤੀ ਮਾਨਸਾ 16-7-2020

ਉਪਰੋਕਤ ਦਾ ਉਤਾਰਾ ਜ਼ਿਲ੍ਹੇ ਦੇ ਸਮੂਹ ਸਕੂਲ ਮੁਖੀਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਜ਼ਿਲ੍ਹਾ ਸਿੱਖਿਆ ਅਫਸਰ (ਸ)
ਮਾਨਸਾ

Scanned with CamScanner